**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ :23-04-2026**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਫਿਨਲੈਂਡ ਦੀ ਆਪਣੀ ਯਾਤਰਾ ਦੌਰਾਨ ਪੰਜਾਬ ਦੇ ਵਿਕਾਸ ਦੇ ਅਗਲੇ ਪੜਾਅ ਦੇ ਕੇਂਦਰ ਵਿੱਚ ਪਰਵਾਸੀ ਪੰਜਾਬੀਆਂ ਨੂੰ ਰਖਦਿਆਂ, ਪੰਜਾਬ ਦੇ ਚੱਲ ਰਹੇ ਬਦਲਾਅ ਵਿੱਚ ਸਰਗਰਮੀ ਨਾਲ ਯੋਗਦਾਨ ਪਾਉਣ ਦਾ ਸੱਦਾ ਦਿੱਤਾ ਅਤੇ ਨਾਲ ਹੀ ਪੰਜਾਬ ਤੇ ਫਿਨਲੈਂਡ ਵਿਚਕਾਰ ਮਜ਼ਬੂਤ ਆਰਥਿਕ ਤੇ ਸੰਸਥਾਗਤ ਸਹਿਯੋਗ ਲਈ ਜ਼ੋਰ ਦਿੱਤਾ। ਪਰਵਾਸੀ ਪੰਜਾਬੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਏ ਕਿ ਪੰਜਾਬ ਤੇਜ਼ੀ ਨਾਲ ਵਿਕਾਸ ਕਰ ਰਿਹਾ ਏ ਅਤੇ ਹਰ ਪੰਜਾਬੀ ਨੂੰ ਇਸ ਇਤਿਹਾਸਕ ਯਾਤਰਾ ਵਿੱਚ ਭਾਈਵਾਲ ਬਣਨਾ ਚਾਹੀਦਾ ਏ, ਉਨ੍ਹਾਂ ਨੇ ਪਰਵਾਸੀ ਪੰਜਾਬੀ ਭਾਈਚਾਰੇ ਨੂੰ ਫੈਸਲਾਕੁੰਨ ਤਾਕਤ ਦੱਸਿਆ, ਜੋ ਸੂਬੇ ਦੀ ਆਰਥਿਕ ਗਤੀ ਨੂੰ ਤੇਜ਼ ਕਰਨ ਦੇ ਸਮਰੱਥ ਏ।

ਉਨ੍ਹਾਂ ਅੱਗੇ ਕਿਹਾ ਕਿ ਪਰਵਾਸੀ ਪੰਜਾਬੀ ਆਪਣੀ ਮੁਹਾਰਤ ਰਾਹੀਂ ਸੂਬੇ ਦੇ ਆਰਥਿਕ ਵਿਕਾਸ ਨੂੰ ਹੋਰ ਅੱਗੇ ਵਧਾਉਣ ਵਿੱਚ ਪ੍ਰੇਰਕ ਵਜੋਂ ਕੰਮ ਕਰ ਸਕਦੇ ਨੇ. ਡੂੰਘੇ ਸਹਿਯੋਗ ਦੀ ਵਕਾਲਤ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ, "ਚਿੱਟੀ ਕ੍ਰਾਂਤੀ ਦੇ ਖੇਤਰ ਵਿੱਚ ਪੰਜਾਬ ਅਤੇ ਫਿਨਲੈਂਡ ਵਿਚਕਾਰ ਆਪਸੀ ਸਹਿਯੋਗ ਦੀ ਲੋੜ ਏ, ਖਾਸ ਕਰ ਕੇ ਡੇਅਰੀ ਪ੍ਰਣਾਲੀਆਂ, ਪਸ਼ੂ ਵਿਗਿਆਨ ਅਤੇ ਵੈਲਯੂ ਐਡਿਡ ਫੂਡ ਪ੍ਰੋਸੈਸਿੰਗ ਵਿੱਚ, ਤਾਂ ਜੋ ਸੂਬੇ ਦੇ ਕਿਸਾਨਾਂ ਨੂੰ ਵੱਡੇ ਪੱਧਰ 'ਤੇ ਲਾਭ ਪਹੁੰਚਾਇਆ ਜਾ ਸਕੇ।

-----------------------------------------------------

ਹੰਗਾਮੀ ਤਿਆਰੀ ਦਾ ਮੁਲੰਕਣ ਕਰਨ ਲਈ ਕੱਲ੍ਹ 24 ਅਪ੍ਰੈਲ ਨੂੰ ਰਾਤ ਨੂੰ ਪੰਜਾਬ ਭਰ ਵਿੱਚ ਇੱਕ ਬਲੈਕਆਊਟ ਮੌਕ ਡ੍ਰਿਲ ਕੀਤੀ ਜਾਵੇਗੀ। ਗ੍ਰਹਿ ਮੰਤਰਾਲੇ ਦੇ ਨਿਰਦੇਸ਼ਾਂ ਅਨੁਸਾਰ, ਰਾਜ ਵਿੱਚ ਸਿਵਲ ਡਿਫੈਂਸ ਤਿਆਰੀ ਦੀ ਜਾਂਚ ਕਰਨ ਲਈ ਸਾਰੇ ਜ਼ਿਲ੍ਹਿਆਂ ਵਿੱਚ ਰਾਤ 8 ਵਜੇ ਤੋਂ 8 ਵਜ ਕੇ 15 ਮਿੰਟ ਤੱਕ ਇੱਕ ਸਿਵਲ ਡਿਫੈਂਸ ਏਅਰ ਰੇਡ ਤੇ ਬਲੈਕਆਊਟ ਮੌਕ ਡ੍ਰਿਲ ਕੀਤੀ ਜਾਵੇਗੀ। ਮੌਕ ਡ੍ਰਿਲ ਇੱਕ ਹਵਾਈ ਹਮਲੇ ਦੀ ਚੇਤਾਵਨੀ ਸਿਗਨਲ ਨਾਲ

ਸ਼ੁਰੂ ਹੋਵੇਗੀ, ਜਿਸਨੂੰ ਦੋ ਮਿੰਟ ਲਈ ਸਾਇਰਨ ਰਾਹੀਂ ਪ੍ਰਸਾਰਿਤ ਕੀਤਾ ਜਾਵੇਗਾ। ਇਹਨਾਂ ਪਛਾਣੇ ਗਏ ਖੇਤਰਾਂ ਵਿੱਚ ਆਮ ਲੋਕਾਂ ਨੂੰ ਬਲੈਕਆਉਟ ਸਮੇਂ ਦੌਰਾਨ ਸਾਰੀਆਂ ਗੈਰ-ਜ਼ਰੂਰੀ ਲਾਈਟਾਂ ਬੰਦ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ. ਹਾਲਾਂਕਿ, ਜ਼ਰੂਰੀ ਸੇਵਾਵਾਂ ਪੂਰੇ ਡ੍ਰਿਲ ਦੌਰਾਨ ਪੂਰੀ ਤਰ੍ਹਾਂ ਕਾਰਜਸ਼ੀਲ ਰਹਿਣਗੀਆਂ। ਇਹ ਇੱਕ ਰੁਟੀਨ ਪ੍ਰਕਿਰਿਆਤਮਕ ਡ੍ਰਿਲ ਏ ਜੋ ਸਿਰਫ ਰਾਜ ਵਿੱਚ ਸਿਵਲ ਡਿਫੈਂਸ ਤਿਆਰੀ ਦਾ ਮੁਲੰਕਣ ਕਰਨ ਅਤੇ ਵਧਾਉਣ ਲਈ ਤਿਆਰ ਕੀਤੀ ਗਈ ਏ । <><>

---------------------------------------------------

ਪੰਜਾਬ ਵਿੱਚ, ਹੁਣ ਤੱਕ ਦੇ ਸਭ ਤੋਂ ਵੱਡੇ ਸਾਈਬਰ ਘੁਟਾਲਿਆਂ ਵਿੱਚੋਂ ਇੱਕ ਵਿੱਚ, ਲੁਧਿਆਣਾ ਦੇ ਇੱਕ ਸਨਅਤਕਾਰ ਨੂੰ ਇੱਕ ਵੱਡੇ ਤੇ ਸੰਗਠਿਤ ਅਪਰਾਧ ਸਿੰਡੀਕੇਟ ਵਲੋਂ ਕਰੀਬ 20 ਕਰੋੜ ਰੁਪਏ ਦੀ ਠੱਗੀ ਦਾ ਸ਼ਿਕਾਰ ਬਣਾਇਆ ਗਿਆ ਏ. ਉਨ੍ਹਾਂ ਨੇ ਕਥਿਤ ਤੌਰ 'ਤੇ ਪੈਸੇ ਕਢਵਾਉਣ ਲਈ ਇੱਕ ਭਰੋਸੇਯੋਗ ਵਪਾਰਕ ਪਲੇਟਫਾਰਮ ਦੀ ਇੱਕ ਜਾਅਲੀ ਵੈੱਬਸਾਈਟ ਅਤੇ ਇੱਕ ਜਾਅਲੀ ਡਿਜੀਟਲ ਡੈਸ਼ਬੋਰਡ ਤੋਂ ਇਲਾਵਾ ਕਈ ਜਾਅਲੀ ਸਿਮ ਕਾਰਡਾਂ

ਦੀ ਵਰਤੋਂ ਕੀਤੀ । ਪੰਜਾਬ ਪੁਲਿਸ ਦੇ ਸਾਈਬਰ ਅਪਰਾਧ ਡਿਵੀਜ਼ਨ ਨੇ ਇੱਕ ਕੇਸ ਦਰਜ ਕੀਤਾ ਏ ਅਤੇ ਇਸ ਵੱਡੇ ਕ੍ਰਿਪਟੋਕਰੰਸੀ ਧੋਖਾਧੜੀ ਦੀ ਵੇਰਵੇ ਸਹਿਤ ਜਾਂਚ ਸ਼ੁਰੂ ਕਰ ਦਿੱਤੀ ਏ। FIR ਮੁਤਾਬਿਕ, ਘੁਟਾਲੇਬਾਜ਼ਾਂ ਨੇ ਉਸਨੂੰ ਕ੍ਰਿਪਟੋਕਰੰਸੀ ਵਿੱਚ ਨਿਵੇਸ਼ ਕਰਨ ਅਤੇ ਪਿਛਲੇ ਸਾਲ ਮਈ ਤੋਂ ਨਵੰਬਰ ਤੱਕ ਪੰਜਾਬ, ਦਿੱਲੀ, ਮੁੰਬਈ, ਮਹਾਰਾਸ਼ਟਰ, ਗੁਜਰਾਤ ਅਤੇ ਬੰਗਲੁਰੂ ਦੇ 15 ਬੈਂਕਾਂ ਵਿੱਚ ਹੋਰਨਾਂ ਦੇ ਨਾਵਾਂ ‘ਤੇ ਚਲਦੇ 76 ਖਾਤਿਆਂ ਵਿੱਚ ਉਸਦੇ ਪੈਸੇ ਟ੍ਰਾਂਸਫਰ ਕਰਨ ਲਈ ਭਰਮਾਇਆ। ਉਹ ਕਥਿਤ ਤੌਰ 'ਤੇ ਸਾਈਬਰ ਅਪਰਾਧੀਆਂ ਰਾਹੀਂ ਠੱਗੀ ਦਾ ਸ਼ਿਕਾਰ ਹੋਣ ਵਾਲਾ ਪੰਜਾਬ ਦਾ ਦੂਜਾ ਸਨਅਤਕਾਰ ਏ । ਇਸ ਤੋਂ ਪਹਿਲਾਂ, ਸਾਲ 2024 ਵਿੱਚ, ਸਾਈਬਰ ਅਪਰਾਧੀਆਂ ਦੇ ਇੱਕ ਅੰਤਰਰਾਜੀ ਗਿਰੋਹ ਨੇ ਪਦਮ ਭੂਸ਼ਣ ਪੁਰਸਕਾਰ ਜੇਤੂ ਅਤੇ ਵਰਧਮਾਨ ਗਰੁੱਪ ਦੇ ਚੇਅਰਮੈਨ ਐਸ.ਪੀ ਓਸਵਾਲ ਨੂੰ ਸੀਬੀਆਈ ਅਫਸਰ ਬਣ ਕੇ ਅਤੇ ਦੋ ਦਿਨਾਂ ਲਈ ਡਿਜੀਟਲ ਨਿਗਰਾਨੀ ਹੇਠ ਰੱਖ ਕੇ 7 ਕਰੋੜ ਰੁਪਏ ਦੀ ਠੱਗੀ ਮਾਰੀ ਸੀ।

---------------------------------------------------

ਪੰਜਾਬ ਦੇ ਖ਼ੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਲ੍ਹ ਅੰਮ੍ਰਿਤਸਰ ਦੀ ਭਗਤਾਂਵਾਲਾ ਦਾਣਾ ਮੰਡੀ ਵਿਖੇ ਕਣਕ ਦੀ ਚੱਲ ਰਹੀ ਖ਼ਰੀਦ ਦਾ ਜਾਇਜ਼ਾ ਲਿਆ। ਆਪਣੇ ਦੌਰੇ ਦੌਰਾਨ ਉਨ੍ਹਾਂ ਨੇ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਗੱਲਬਾਤ ਕਰਕੇ ਮੰਡੀ ਵਿੱਚ ਚੱਲ ਰਹੀ ਕਣਕ ਦੀ ਖ਼ਰੀਦ ਬਾਰੇ ਜਾਣਕਾਰੀ ਹਾਸਲ ਕੀਤੀ। ਭਗਤਾਂਵਾਲਾ ਮੰਡੀ ਵਿੱਚ ਕਣਕ ਦੀ ਖ਼ਰੀਦ ਦਾ ਜਾਇਜ਼ਾ ਲੈਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਪੂਰੇ ਭਾਅ ਉੱਪਰ ਖ਼ਰੀਦਣ ਲਈ ਵਚਨਬੱਧ ਏ ਅਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਕੈਬਨਿਟ ਮੰਤਰੀ ਸ੍ਰੀ ਕਟਾਰੂਚੱਕ ਨੇ ਕਿਹਾ ਕਿ ਇਸ ਵਾਰ ਪੰਜਾਬ ਨੂੰ ਕੇਂਦਰੀ ਅੰਨ ਭੰਡਾਰ ਲਈ 122 ਲੱਖ ਮੀਟ੍ਰਿਕ ਟਨ ਦਾ ਟੀਚਾ ਮਿਲਿਆ ਏ ਅਤੇ ਖ਼ਰਾਬ ਮੌਸਮ ਦੇ ਬਾਵਜੂਦ ਵੀ ਪੰਜਾਬ ਇਸ ਟੀਚੇ ਨੂੰ ਪੂਰਾ

ਕਰੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਸਾਰੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਦੇ ਪੁਖਤਾ ਪ੍ਰਬੰਧ ਕੀਤੇ ਗਏ ਨੇ ਅਤੇ ਉਹ ਖੁਦ ਮੰਡੀਆਂ ਵਿੱਚ ਜਾ ਕੇ ਖਰੀਦ ਪ੍ਰਬੰਦਾਂ ਦਾ ਜਾਇਜ਼ਾ ਲੈ ਰਹੇ ਨੇ. ਉਨ੍ਹਾਂ ਦੱਸਿਆ ਕਿ 24 ਘੰਟਿਆਂ ਦੇ ਵਿੱਚ ਕਿਸਾਨਾਂ ਦੇ ਖਾਤਿਆਂ ਵਿੱਚ ਕਣਕ ਦੀ ਅਦਾਇਗੀ ਕੀਤੀ ਜਾ ਰਹੀ ਏ.

---------------------------------------------------

ਮੌਸਮ ਵਿਭਾਗ ਨੇ ਪੰਜਾਬ ‘ਚ ਜ਼ਿਆਦਾਤਰ ਥਾਵਾਂ ‘ਤੇ 25 ਅਪ੍ਰੈਲ ਤੱਕ ਗਰਮ ਰਾਤਾਂ ਦੇ ਨਾਲ ਲੂ ਚਲਣ ਦਾ YELLOW ਅਲਰਟ ਜਾਰੀ ਕਰ ਦਿੱਤਾ ਏ।ਕਲ੍ਹ ਪੰਜਾਬ ‘ਚ ਫਰੀਦਕੋਟ 42 . 9 ਡਿਗਰੀ ਸੈਲਸੀਅਸ ਨਾਲ ਸਭ ਤੋਂ ਗਰਮ ਥਾਂ ਰਹੀ ਜਦਕਿ ਹਰਿਆਣਾ ਵਿੱਚ ਨਾਰਨੌਲ 42.5 ਡਿਗਰੀ ਸੈਲਸੀਅਸ ਤਾਪਮਾਨ ਨਾਲ ਸਭ ਤੋਂ ਗਰਮ ਸ਼ਹਿਰ ਰਿਹਾ. ਚੰਡੀਗੜ੍ਹ ਵਿੱਚ ਵੱਧ ਤੋਂ ਵੱਧ ਤਾਪਮਾਨ 38 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ. ਚੰਡੀਗੜ੍ਹ ਸਥਿਤ ਭਾਰਤੀ ਮੌਸਮ ਵਿਭਾਗ ਨੇ ਐਤਵਾਰ ਤੋਂ ਮੰਗਲਵਾਰ 28 ਅਪ੍ਰੈਲ ਤਕ ਮੌਸਮ ‘ਚ ਬਦਲਾਅ

ਦੀ ਉਮੀਦ ਜਤਾਈ ਏ. ਵਿਭਾਗ ਨੇ 26 ਤੋਂ 28 ਅਪ੍ਰੈਲ ਤਕ ਪੰਜਾਬ ਤੇ ਹਰਿਆਣਾ ‘ਚ ਗਰਜ ਚਮਕ ਤੇ ਤੇਜ਼ ਹਵਾਵਾਂ ਦੇ ਨਾਲ ਹਲਕੀ ਬਾਰਿਸ਼ ਦੀ ਪੇਸ਼ੀਨਗੋਈ ਵੀ ਕੀਤੀ ਏ ਚੰਡੀਗੜ੍ਹ ‘ਚ ਵੀ 26 ਅਪ੍ਰੈਲ ਨੂੰ ਹਲਕੀ ਬਾਰਿਸ਼ ਹੋ ਸਕਦੀ ਏ।